# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-07-2024**

ਕੇਂਦਰੀ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੌਮੀ ਜਮਹੂਰੀ ਗਠਜੋੜ ਐਨ ਡੀ ਏ ਸਰਕਾਰ ਦੇ ਵਿਕਸਤ ਭਾਰਤ ਦੇ ਸੁਪਨੇ ਦਾ ਪਹਿਲਾ ਕੇਂਦਰੀ ਬਜਟ ਅੱਜ ਲੋਕ ਸਭਾ ਵਿੱਚ ਪੇਸ਼ ਕੀਤਾ। ਇਸ ਨਾਲ ਉਨਾਂ ਲਗਾਤਾਰ ਸੱਤਵੀਂ ਵਾਰ ਬਜਟ ਪੇਸ਼ ਕਰਨ ਦਾ ਵੀ ਰਿਕਾਰਡ ਬਣਾਇਆ ਏ। ਇਸ ਤੋਂ ਪਹਿਲਾਂ ਲਗਾਤਾਰ ਛੇ ਵਾਰ ਬਜਟ ਪੇਸ਼ ਕਰਨ ਦਾ ਰਿਕਾਰਡ ਸਵਰਗੀ ਮੋਰਾਰਜੀ ਦੇਸਾਈ ਦੇ ਨਾਮ ਏ। ਖ਼ਜ਼ਾਨਾ ਮੰਤਰੀ ਸੀਤਾਰਮਨ ਨੇ ਕਿਹਾ ਕਿ ਵਿਸ਼ਵ ਵਿਆਪੀ ਰੁਕਾਵਟਾਂ ਦੇ ਬਾਵਜੂਦ ਭਾਰਤੀ ਅਰਥਵਿਵਸਥਾ ਨੇ ਅਗੇ ਵਧਣਾ ਜਾਰੀ ਰੱਖਿਆ ਏ ਅਤੇ ਆਉਣ ਵਾਲੇ ਵਰ੍ਹਿਆਂ ਵਿੱਚ ਇਹ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਅਰਥਵਿਵਸਥਾ ਹੋਵੇਗੀ। ਉਨਾਂ ਕਿਹਾ ਕਿ ਇਹ ਬਜਟ ਮੁੱਖ ਤੌਰ 'ਤੇ ਰੋਜ਼ਗਾਰ, ਹੁਨਰ, ਐੱਮ ਐੱਸ ਐੱਮ ਈ ਅਤੇ ਮੱਧ ਵਰਗ 'ਤੇ ਕੇਂਦ੍ਰਿਤ ਏ।

'ਵਿਕਸਿਤ ਭਾਰਤ' ਦੀ ਪੈਰਵੀ ਲਈ ਇੱਕ ਵਿਸਤ੍ਰਿਤ ਰੂਪ ਰੇਖਾ ਪੇਸ਼ ਕਰਦੇ ਹੋਏ, ਬਜਟ ਵਿੱਚ ਸਾਰਿਆਂ ਲਈ ਮੌਕਿਆਂ ਵਾਸਤੇ ਸਰਕਾਰ ਦੀਆਂ ਨੌਂ ਤਰਜੀਹਾਂ ਦਾ ਜ਼ਿਕਰ ਕੀਤਾ ਗਿਆ ਏ। ਇਸ ਵਿੱਚ ਖੇਤੀਬਾੜੀ, ਰੁਜ਼ਗਾਰ ਤੇ ਹੁਨਰ, ਸਮਾਵੇਸ਼ੀ ਮਨੁੱਖੀ ਸਰੋਤ ਵਿਕਾਸ ਤੇ ਸਮਾਜਿਕ ਨਿਆਂ, ਨਿਰਮਾਣ ਤੇ ਸੇਵਾਵਾਂ, ਸ਼ਹਿਰੀ ਵਿਕਾਸ, ਊਰਜਾ ਸੁਰੱਖਿਆ, ਬੁਨਿਆਦੀ ਢਾਂਚਾ, ਨਵੀਨਤਾ, ਖੋਜ ਤੇ ਵਿਕਾਸ ਅਤੇ ਅਗਲੀ ਪੀੜ੍ਹੀ ਦੇ ਸੁਧਾਰਾਂ ਵਿੱਚ ਉਤਪਾਦਕਤਾ ਤੇ ਲਚਕਤਾ ਸ਼ਾਮਲ ਨੇ।

------------------------------------------------------------

ਕੇਂਦਰੀ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਪੇਸ਼ ਬਜਟ ਵਿੱਚ ਦੋ ਲੱਖ ਕਰੋੜ ਰੁਪਏ ਦੇ ਖਰਚ ਨਾਲ ਪੰਜ ਸਾਲ ਦੀ ਮਿਆਦ ਵਿੱਚ ਚਾਰ ਕਰੋੜ ਤੋਂ ਵੱਧ ਨੌਜਵਾਨਾਂ ਲਈ ਰੁਜ਼ਗਾਰ ਅਤੇ ਹੁਨਰ ਦੇ ਮੌਕਿਆਂ ਦੀ ਸਹੂਲਤ ਲਈ ਪੰਜ ਯੋਜਨਾਵਾਂ ਤੇ ਪਹਿਲਕਦਮੀਆਂ ਦੇ ਪ੍ਰਧਾਨ ਮੰਤਰੀ ਪੈਕੇਜ ਦਾ ਐਲਾਨ ਕੀਤਾ ਗਿਆ ਏ।

• ਟੈਕਸ ਦਾਤਿਆਂ ਨੂੰ ਰਾਹਤ ਦਿੰਦਿਆਂ ਨਵੀਂ ਟੈਕਸ ਵਿਵਸਥਾ ਤਹਿਤ ਤਨਖਾਹਦਾਰ ਮੁਲਾਜਮਾਂ ਲਈ ਸਟੈਂਡਰਡ ਡਿਡਕਸ਼ਨ 50 ਹਜ਼ਾਰ ਰੁਪਏ ਤੋਂ ਵਧਾ ਕੇ 75 ਹਜ਼ਾਰ ਰੁਪਏ ਕੀਤੀ ਗਈ ਏ।

• ਇਸੇ ਤਰ੍ਹਾਂ ਪੈਨਸ਼ਨਰਾਂ ਲਈ ਪਰਿਵਾਰਕ ਪੈਨਸ਼ਨ 'ਤੇ ਕਟੌਤੀ 15 ਹਜ਼ਾਰ ਰੁਪਏ ਤੋਂ ਵਧਾ ਕੇ 25 ਹਜ਼ਾਰ ਰੁਪਏ ਕੀਤੀ ਗਈ ਏ। ਇਸ

ਨਾਲ ਕੋਈ ਚਾਰ ਕਰੋੜ ਤਨਖਾਹਦਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਰਾਹਤ ਮਿਲੇਗੀ।

• ਨਵੀਂ ਟੈਕਸ ਪ੍ਰਣਾਲੀ ਲਈ ਟੈਕਸ ਦਰ ਢਾਂਚੇ ਨੂੰ ਸੋਧਿਆ ਗਿਆ ਏ ਅਤੇ 3 ਲੱਖ ਰੁਪਏ ਤੱਕ ਦੀ ਆਮਦਨ ਤੇ ਕੋਈ ਟੈਕਸ ਨਹੀਂ ਲਗੇਗਾ।

• 3 ਲੱਖ ਤੋਂ 7 ਲੱਖ ਰੁਪਏ ਦੀ ਆਮਦਨੀ 'ਤੇ 5 ਪ੍ਰਤੀਸ਼ਤ ਆਮਦਨ ਟੈਕਸ ਦੀ ਤਜਵੀਜ ਏ। 7 ਲੱਖ ਤੋਂ 10 ਲੱਖ ਰੁਪਏ ਦੀ ਆਮਦਨ 'ਤੇ 10 ਫੀਸਦੀ ਟੈਕਸ ਲਗਾਇਆ ਜਾਵੇਗਾ। 10 ਲੱਖ ਤੋਂ 12 ਲੱਖ ਰੁਪਏ ਤੱਕ ਦੀ ਆਮਦਨ 'ਤੇ 15 ਫੀਸਦੀ ਟੈਕਸ ਹੋਵੇਗਾ।

• 12 ਲੱਖ ਤੋਂ 15 ਲੱਖ ਰੁਪਏ ਦੀ ਆਮਦਨ ਤੇ 20 ਪ੍ਰਤੀਸ਼ਤ ਆਮਦਨ ਟੈਕਸ ਜਦਕਿ 15 ਲੱਖ ਰੁਪਏ ਤੋਂ ਵੱਧ ਦੀ ਆਮਦਨੀ 'ਤੇ 30 ਫੀਸਦੀ ਟੈਕਸ ਲੱਗੇਗਾ। ਇਹਨਾਂ ਤਬਦੀਲੀਆਂ ਦੇ ਨਤੀਜੇ ਵਜੋਂ, ਨਵੀਂ ਟੈਕਸ ਪ੍ਰਣਾਲੀ ਵਿੱਚ ਇੱਕ ਤਨਖਾਹਦਾਰ ਮੁਲਾਜਮ ਨੂੰ ਆਮਦਨ ਕਰ ਵਿੱਚ ਕੋਈ 17 ਹਜ਼ਾਰ 500 ਰੁਪਏ ਤੱਕ ਦੀ ਬਚਤ ਹੋਵੇਗੀ।

---------------------------------------------------

ਭਾਰਤੀ ਸਟੇਟ ਬੈਂਕ ਦੇ ਸਾਬਕਾ ਡਿਪਟੀ ਜਨਰਲ ਮੈਨੇਜਰ ਸੁਰਿੰਦਰ ਕਪੂਰ ਅਨੁਸਾਰ ਇਹ ਬਜਟ ਮੱਧ ਵਰਗ ਲਈ ਬਹੁਤ ਹੀ ਫਾਇਦੇਮੰਦ ਬਜਟ ਏ।

**Byte**

---------------------------------------------------

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਅੱਜ ਤੋਂ 25 ਜੁਲਾਈ ਤੱਕ ਸਰਹੱਦੀ ਜ਼ਿਲ੍ਹਿਆਂ ਦਾ ਦੌਰਾ ਕਰ ਰਹੇ ਨੇ । ਇਸ ਦੀ ਸ਼ੁਰੂਆਤ ਉਹ ਪਠਾਨਕੋਟ ਜ਼ਿਲ੍ਹੇ ਤੋਂ ਕਰਨਗੇ । ਰਾਜਪਾਲ ਅੱਜ ਸ਼ਾਮ ਪਹਿਲਾਂ ਗੁਰਦਾਸਪੁਰ ਅਤੇ ਪਠਾਨਕੋਟ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਪਠਾਨਕੋਟ ਵਿਖੇ ਵਿਸ਼ੇਸ਼ ਮੀਟਿੰਗ ਕਰਨਗੇ । ਇਸ ਤੋਂ ਬਾਅਦ ਉਹ ਭਾਰਤ-ਪਾਕਿ ਸਰਹੱਦ 'ਤੇ ਸਥਿਤ ਬਲਾਕ ਬਮਿਆਲ ਅਧੀਨ ਪੈਂਦੇ ਪਿੰਡ ਚੱਕ ਅਮੀਰ ਵਿਖੇ ਜਾਣਗੇ । ਇਸ ਦੌਰਾਨ ਉਹ ਗ੍ਰਾਮ ਸੁਰੱਖਿਆ ਕਮੇਟੀਆਂ ਨੂੰ ਮਿਲਣਗੇ ਅਤੇ ਸਰਹੱਦੀ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਵੀ ਸੁਣਨਗੇ। ਮੁੱਖ ਸਕੱਤਰ ਅਨੁਰਾਗ ਵਰਮਾ ਅਤੇ ਡੀ. ਜੀ. ਪੀ. ਗੌਰਵ ਯਾਦਵ ਸਮੇਤ ਜ਼ਿਲ੍ਹੇ ਦੇ ਸਾਰੇ ਸੀਨੀਅਰ ਅਧਿਕਾਰੀ ਉਨ੍ਹਾਂ ਦੇ ਨਾਲ ਮੌਜੂਦ ਰਹਿਣਗੇ । ਰਾਜਪਾਲ ਪੁਰੋਹਿਤ ਸਰਹੱਦੀ ਲੋਕਾਂ ਦੀਆਂ ਸਮੱਸਿਆਵਾਂ ਪ੍ਰਤੀ ਗੰਭੀਰ ਦਿੱਖ ਰਹੇ ਨੇ ਅਤੇ ਇਸ ਤੋਂ ਪਹਿਲਾਂ ਵੀ ਉਹ 5 ਵਾਰ ਸਰਹੱਦੀ ਖੇਤਰ ਦਾ ਦੌਰਾ ਕਰ ਚੁੱਕੇ ਨੇ।

-----------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੇ ਹੁਕਮਾਂ 'ਤੇ, ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਡਾ. ਗਗਨਦੀਪ ਕੌਰ ਨੇ ਕਲ ਜ਼ਿਲ੍ਹਾ ਜ਼ੇਲ ਵਿਖੇ ਕੈਂਪ ਕੋਰਟ ਲਗਾਈ ਗਈ। ਇਸ ਦੌਰਾਨ 2 ਕੇਸਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ ਅਤੇ ਕੁੱਲ 3 ਕੈਦੀਆਂ ਨੂੰ ਰਿਹਾਅ ਕੀਤਾ ਗਿਆ । ਉਨਾਂ ਜੇਲ੍ਹ ਵਿਚ ਬੰਦ ਹਵਾਲਾਤੀ ਤੇ ਕੈਦੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਭਰੋਸਾ ਦਵਾਇਆ ਕਿ ਛੇਤੀ ਹੀ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਜੇਲ੍ਹ ਵਿਚ ਚੱਲ ਰਹੇ ਲੀਗਲ ਏਡ ਕਲੀਨਿਕ ਵਿਚ ਮੌਜੂਦ ਵਕੀਲਾਂ ਅਤੇ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਕੈਦੀਆਂ ਤੇ ਹਵਾਲਾਤੀਆਂ ਨੂੰ ਮਿਲ ਰਹੀ ਕਾਨੂੰਨੀ ਸਹਾਇਤਾ ਤੇ ਤਸੱਲੀ ਪ੍ਰਗਟਾਈ।

-----------------------------------------------------

ਲੁਧਿਆਣਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸੁਨਹਿਰੇ ਭਵਿੱਖ ਲਈ ਨੌਜਵਾਨਾਂ ਨੂੰ ਬੂਟੇ ਲਾ ਕੇ, ਪਾਣੀ ਦੀ ਬੱਚਤ, ਪਲਾਸਟਿਕ

ਤੋਂ ਬਚਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਧਰਤੀ ਮਾਂ ਦੀ ਰੱਖਿਆ ਕਰਨ ਦੀ ਅਪੀਲ ਕੀਤੀ ਏ । ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਕਲੀਨ ਏਅਰ ਪੰਜਾਬ ਵੱਲੋਂ ਕਰਵਾਏ ਗਏ 'ਯੂਥ ਚੈਂਪੀਅਨ ਫਾਰ ਕਲੀਨ ਏਅਰ' ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਵਾਤਾਵਰਣ ਪ੍ਰਤੀ ਵੱਡਿਆਂ ਦੇ ਰਵੱਈਏ ਨੂੰ ਨੌਜਵਾਨ ਪ੍ਰਭਾਵਿਤ ਕਰ ਸਕਦੇ ਨੇ ਅਤੇ ਧਰਤੀ ਬਚਾਉਣ ਵਿੱਚ ਮੁੱਖ ਭੂਮਿਕਾ ਨਿਭਾ ਸਕਦੇ ਨੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੁਗਿਰਦੇ ਦੀ ਸੰਭਾਲ ਲਈ ਸਰਕਾਰ ਜਾਂ ਪ੍ਰਸ਼ਾਸਨ ਦੇ ਨਾਲ ਸਮੂਹਿਕ ਯਤਨਾਂ ਦੀ ਜਰੂਰਤ ਏ । ਸਾਕਸ਼ੀ ਸਾਹਨੀ ਨੇ ਨੌਜਵਾਨਾਂ ਨੂੰ ਰੋਜ਼ਾਨਾ ਦੀਆਂ ਕਾਰਵਾਈਆਂ ਰਾਹੀਂ ਕੀਤੇ ਹਾਂ ਪੱਖੀ ਪ੍ਰਭਾਵ ਤੋਂ ਜਾਣੂ ਹੋਣ ਦੀ ਅਪੀਲ ਕੀਤੀ ਅਤੇ ਲਗਾਏ ਗਏ ਬੂਟਿਆਂ ਦੀ ਸਹੀ ਦੇਖਭਾਲ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।